# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ :12-07-2026**

***ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ***

- ਕੇਂਦਰੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਦਾ ਕਹਿਣਾ ਏ ਕਿ ਚੁਗਿਰਦੇ ਦੀ ਰੱਖਿਆ ਅਤੇ ਇੱਕ ਨਿਰੰਤਰ ਰਹਿਣ ਯੋਗ ਭਵਿੱਖ ਨੂੰ ਯਕੀਨੀ ਬਣਾਉਣ ਲਈ ਰੁੱਖ ਲਾਉਣਾ ਬੇਹਦ ਮਹੱਤਵਪੂਰਨ ਏ.

- ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਕਿਹਾ ਏ ਕਿ ਸਿੱਖਿਆ ਦਾ ਅਸਲ ਉਦੇਸ਼, ਰਾਸ਼ਟਰ ਦੇ ਵਿਕਾਸ ਵਿੱਚ ਸਰਗਰਮ ਯੋਗਦਾਨ ਪਾਉਣ ਵਾਲੇ ਨਾਗਰਿਕ ਤਿਆਰ ਕਰਨਾ ਏ। ਓਹਨਾਂ ਅੱਜ ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਦੀ 51ਵੀਂ ਕਨਵੋਕੇਸ਼ਨ ਵਿਚ 456 ਵਿਦਿਆਰਥੀਆਂ ਨੂੰ ਡਿਗਰੀਆਂ ਪ੍ਰਦਾਨ ਕੀਤੀਆਂ.

- ਪੰਜਾਬ ‘ਚ SIR ਪ੍ਰਕਿਰਿਆ ਦੇ ਹਿੱਸੇ ਵਜੋਂ, ਸੂਬੇ ਭਰ ਦੇ ਵੋਟ ਕੇਂਦਰਾਂ 'ਤੇ ਲਾਏ ਗਏ ਦੋ ਰੋਜ਼ਾ ਵਿਸ਼ੇਸ਼ ਕੈਂਪਾਂ ਦੌਰਾਨ 30 ਲੱਖ ਤੋਂ ਵੱਧ ਵੋਟਰਾਂ ਨੇ ਆਪਣੇ ਗਣਨਾ ਫਾਰਮ ਭਰੇ.

- ਪੰਜਾਬ ਦੇ ਕੈਬਨਿਟ ਮੰਤਰੀ ਸ੍ਰੀ ਲਾਲ ਚੰਦ ਕਟਾਰੂਚੱਕ ਨੇ ਇੱਕ ਵਿਸ਼ੇਸ਼ ਸਮਾਰੋਹ ‘ਚ ਜ਼ਿਲ੍ਹਾ ਪਠਾਨਕੋਟ ਦੇ ਵੱਖ-ਵੱਖ ਵਰਗਾਂ ਨਾਲ ਸਬੰਧਿਤ ਕਰੀਬ 150 ਲਾਭਪਾਤਰੀਆਂ ਨੂੰ ਨਵੇਂ ਰਾਸ਼ਨ ਡੀਪੂ ਅਲਾਟ ਕੀਤੇ .

- ਮੌਸਮ ਵਿਭਾਗ ਨੇ ਅਗਲੇ ਚਾਰ ਦਿਨਾਂ ਤੱਕ ਪੰਜਾਬ ਸਮੇਤ ਦੇਸ਼ ਦੇ ਉੱਤਰੀ ਹਿੱਸਿਆਂ ਵਿੱਚ ਬਾਰਿਸ਼ ਦੀ ਪੇਸ਼ੀਨਗੋਈ ਕੀਤੀ ਏ.

## ***ਹੁਣ ਖਬਰਾਂ ਵਿਸਥਾਰ ਨਾਲ***

ਕੇਂਦਰੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਏ ਕਿ ਚੁਗਿਰਦੇ ਦੀ ਰੱਖਿਆ ਅਤੇ ਇੱਕ ਨਿਰੰਤਰ ਰਹਿਣ ਯੋਗ ਭਵਿੱਖ ਨੂੰ ਯਕੀਨੀ ਬਣਾਉਣ ਲਈ ਰੁੱਖ ਲਾਉਣਾ ਬੇਹਦ ਮਹੱਤਵਪੂਰਨ ਏ. ਨਵੀਂ ਦਿੱਲੀ ਵਿੱਚ ਵ੍ਰਿਕਸ਼ ਮਿੱਤਰ ਪ੍ਰੋਗਰਾਮ ਅਤੇ Paryavaran Sanrakshan Sankalp ਸਮਾਗਮ ਨੂੰ ਸੰਬੋਧਨ ਕਰਦਿਆਂ, ਸ਼੍ਰੀ ਚੌਹਾਨ ਨੇ ਕਿਹਾ ਕਿ, ਅੱਜ ਪੂਰੀ ਦੁਨੀਆ ਜਲਵਾਯੂ ਤਬਦੀਲੀ ਅਤੇ ਆਲਮੀ

ਤਪਿਸ਼ ਬਾਰੇ ਚਿੰਤਤ ਏ। ਉਨ੍ਹਾਂ ਕਿਹਾ ਕਿ 1880 ਤੋਂ, ਸਮੁੰਦਰ ਦੇ ਤਾਪਮਾਨ ਵਿੱਚ ਵਾਧਾ ਅਤੇ ਗਲੇਸ਼ੀਅਰ ਪਿਘਲਣ ਕਾਰਨ ਵਿਸ਼ਵ ਪੱਧਰ 'ਤੇ ਸਮੁੰਦਰ ਦੇ ਪੱਧਰ ਵਿੱਚ ਲਗਭਗ 20 ਤੋਂ 23 ਸੈਂਟੀਮੀਟਰ ਦਾ ਵਾਧਾ ਹੋਇਆ ਏ। ਉਨ੍ਹਾਂ ਅੱਗੇ ਕਿਹਾ ਕਿ ਧਰਤੀ ਦਾ ਔਸਤ ਤਾਪਮਾਨ 1900 ਦੇ ਮੁਕਾਬਲੇ ਕਰੀਬ 1.5 ਡਿਗਰੀ ਸੈਲਸੀਅਸ ਵਧਿਆ ਏ, ਜੋ ਕਿ ਜਲਵਾਯੂ ਤਬਦੀਲੀ ਦਾ ਇੱਕ ਗੰਭੀਰ ਚੇਤਾਵਨੀ ਸੰਕੇਤ ਏ –

BYTE

ਸ਼੍ਰੀ ਚੌਹਾਨ ਨੇ ਇਸ ਗੱਲ 'ਤੇ ਵੀ ਜ਼ੋਰ ਦਿੱਤਾ ਕਿ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਇਸ ਸੰਕਟ ਨਾਲ ਨਜਿੱਠਣ ਲਈ ਕਈ ਮੁੱਖ ਪਹਿਲਕਦਮੀਆਂ ਕੀਤੀਆਂ ਨੇ. ਉਨ੍ਹਾਂ ਕਿਹਾ ਕਿ ਦੇਸ਼ ਵਿੱਚ ਨਵਿਆਉਣਯੋਗ ਊਰਜਾ ਸਮਰੱਥਾ ਵਿੱਚ ਮਹੱਤਵਪੂਰਨ ਵਾਧਾ ਹੋਇਆ ਏ। ਮੰਤਰੀ ਨੇ ਚੁਗਿਰਦੇ ਦੀ ਰੱਖਿਆ ਅਤੇ ਸੰਭਾਲ ਲਈ ਇੱਕ ਪੇਡ ਮਾਂ ਕੇ ਨਾਮ ਮੁਹਿੰਮ ਅਤੇ ਮਿਸ਼ਨ ਲਾਈਫ ਵਰਗੀਆਂ ਪਹਿਲਕਦਮੀਆਂ ਦਾ ਵੀ ਜ਼ਿਕਰ ਕੀਤਾ। ਸ਼੍ਰੀ ਚੌਹਾਨ ਨੇ ਕਿਹਾ ਕਿ ਭਾਰਤ ਨੇ 2070 ਤੱਕ ਕਾਰਬਨ ਨਿਕਾਸੀ ਖਤਮ ਕਰਨ ਦਾ ਟੀਚਾ ਰੱਖਿਆ ਏ.

---------------------------------------------------------

ਪੰਜਾਬ ਦੇ ਰਾਜਪਾਲ ਅਤੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਚਾਂਸਲਰ, ਗੁਲਾਬ ਚੰਦ ਕਟਾਰੀਆ ਨੇ ਕਿਹਾ ਕਿ ਸਿੱਖਿਆ ਦਾ ਅਸਲ

ਉਦੇਸ਼ ਸਿਰਫ ਰੁਜ਼ਗਾਰ ਪ੍ਰਾਪਤ ਕਰਨਾ ਨਹੀਂ, ਸਗੋਂ ਅਜਿਹੇ ਜ਼ਿੰਮੇਵਾਰ, ਸੰਵੇਦਨਸ਼ੀਲ ਅਤੇ ਨੈਤਿਕ ਨਾਗਰਿਕ ਤਿਆਰ ਕਰਨਾ ਹੁੰਦਾ ਏ ਜੋ ਸਮਾਜ ਅਤੇ ਰਾਸ਼ਟਰ ਦੇ ਵਿਕਾਸ ਵਿੱਚ ਸਰਗਰਮ ਯੋਗਦਾਨ ਪਾਉਣ। ਰਾਜਪਾਲ ਅੱਜ  ਗੁਰੂ ਨਾਨਕ ਦੇਵ ਯੂਨੀਵਰਸਿਟੀ , ਅੰਮ੍ਰਿਤਸਰ ਦੀ 51ਵੇਂ  ਕਨਵੋਕੇਸ਼ਨ ਵਿਚ 456 ਵਿਦਿਆਰਥੀਆਂ ਨੂੰ ਡਿਗਰੀਆਂ ਪ੍ਰਦਾਨ ਕਰਨ ਸਮੇਂ ਆਪਣੇ ਸੰਬੋਧਨ ਦੌਰਾਨ ਇਹ ਗੱਲ ਕਹੀ. ਡਿਗਰੀਆਂ ਅਤੇ ਤਮਗੇ ਪ੍ਰਾਪਤ ਕਰਨ ਵਾਲਿਆਂ ‘ਚ 3 ਵਿਦਿਆਰਥੀਆਂ ਨੂੰ 'ਚਾਂਸਲਰ ਮੈਡਲ', 35 ਹੋਣਹਾਰ ਵਿਦਿਆਰਥੀਆਂ ਨੂੰ 'ਮੈਮੋਰੀਅਲ ਮੈਡਲ', 82 ਖੋਜ-ਵਿਦਿਆਰਥੀਆਂ ਨੂੰ ਪੀਐੱਚ.ਡੀ. ਅਤੇ 336 ਵਿਦਿਆਰਥੀਆਂ ਨੂੰ ਗ੍ਰੈਜੂਏਟ ਤੇ ਪੋਸਟ ਗ੍ਰੈਜੂਏਟ ਡਿਗਰੀਆਂ ਪ੍ਰਦਾਨ ਕੀਤੀਆਂ ਗਈਆਂ.ਸ਼੍ਰੀ ਕਟਾਰੀਆ ਨੇ ਕਿਹਾ –

BYTE

ਉਨ੍ਹਾਂ ਨੇ ਅਕਾਦਮਿਕ ਸਿੱਖਿਆ ਪੂਰੀ ਕਰਨ ਉਪਰੰਤ ਸਮਾਜ ਵਿਚ ਕਦਮ ਰੱਖਣ ਜਾ ਰਹੇ ਵਿਦਿਆਰਥੀਆਂ ਨੂੰ ਕਿਹਾ ਕਿ ਇਹ ਸਿਰਫ਼ ਇਕ ਯੂਨੀਵਰਸਿਟੀ ਨਹੀਂ, ਸਗੋਂ ਉੱਚ ਸਿੱਖਿਆ, ਖੋਜ ਅਤੇ ਕਦਰਾਂ-ਕੀਮਤਾਂ ਦਾ ਇਕ ਚਾਨਣ-ਮੁਨਾਰਾ ਏ ਜਿਸ ਨੇ ਦੇਸ਼ ਅਤੇ ਦੁਨੀਆ ਨੂੰ ਅਣਗਿਣਤ ਪ੍ਰਤਿਭਾਵਾਂ ਦਿੱਤੀਆਂ ਨੇ. ਇਸ ਯਾਦਗਾਰ ਮੌਕੇ ਪੰਜਾਬ ਦੇ ਰਾਜਪਾਲ ਸ਼੍ਰੀ

ਕਟਾਰੀਆ ਅਤੇ ਵਾਈਸ ਚਾਂਸਲਰ, ਪ੍ਰੋ.ਕਰਮਜੀਤ ਸਿੰਘ ਨੇ ਅਮਰੀਕਾ ਦੇ ਨਿਊਯਾਰਕ ਦੇ ਪ੍ਰਸਿੱਧ ਅਟਾਰਨੀ-ਐਟ-ਲਾਅ ਜਸਪ੍ਰੀਤ ਸਿੰਘ ਨੂੰ ਗੁਰੂ ਨਾਨਕ ਦੇਵ ਯੂਨੀਵਰਸਿਟੀ ਵੱਲੋਂ ਉਨ੍ਹਾਂ ਦੀਆਂ ਸ਼ਾਨਦਾਰ ਪ੍ਰਾਪਤੀਆਂ ਅਤੇ ਦੇਸ਼ ਦੇ ਅਕਾਦਮਿਕ ਵਿਕਾਸ ਵਿਚ ਅਹਿਮ ਯੋਗਦਾਨ ਪਾਉਣ ਸਦਕਾ ਆਨਰਜ਼ ਕਾਜ਼ਾ ਡਿਗਰੀ ਨਾਲ ਸਨਮਾਨਿਤ ਕੀਤਾ। ਇਸ ਮੌਕੇ ਪੰਜਾਬ ਦੇ ਉਚੇਰੀ ਸਿਖਿਆ ਮੰਤਰੀ, ਹਰਜੋਤ ਸਿੰਘ ਬੈਂਸ ਅਤੇ ਹੋਰ ਪਤਵੰਤਿਆਂ ਤੋਂ ਇਲਾਵਾ ਮੈਂਬਰ ਪਾਰਲੀਮੈਂਟ, ਗੁਰਜੀਤ ਸਿੰਘ ਔਜਲਾ, ਮੈਂਬਰ ਪਾਰਲੀਮੈਂਟ, ਰਾਜ ਕੁਮਾਰ ਚੱਬੇਵਾਲ ਅਤੇ ਹੋਰਨਾਂ ਨੇ ਵਿਸ਼ੇਸ਼ ਸ਼ਮੂਲੀਅਤ ਕੀਤੀ।

---------------------------------------------------------

ਪੰਜਾਬ ‘ਚ ਵੋਟਰ ਸੂਚੀਆਂ ਦੀ ਚੱਲ ਰਹੀ ਵਿਸ਼ੇਸ਼ ਗਹਿਨ ਸੋਧ (ਐਸ.ਆਈ.ਆਰ.) ਪ੍ਰਕਿਰਿਆ ਦੇ ਹਿੱਸੇ ਵਜੋਂ, ਪੰਜਾਬ ਭਰ ਦੇ ਵੋਟ ਕੇਂਦਰਾਂ 'ਤੇ ਲਾਏ ਗਏ ਦੋ ਰੋਜ਼ਾ ਵਿਸ਼ੇਸ਼ ਕੈਂਪਾਂ ਦੌਰਾਨ 30 ਲੱਖ ਤੋਂ ਵੱਧ ਵੋਟਰਾਂ ਨੇ ਆਪਣੇ ਗਣਨਾ ਫਾਰਮ (ਈ.ਐਫ.) ਭਰੇ ਅਤੇ ਜਮ੍ਹਾਂ ਕਰਵਾਏ। ਪੰਜਾਬ ਦੇ ਮੁੱਖ ਚੋਣ ਅਧਿਕਾਰੀ (ਸੀ.ਈ.ਓ.) ਅਨਿੰਦਿਤਾ ਮਿਤਰਾ ਨੇ ਦੱਸਿਆ ਕਿ ਇਹ ਅੱਜ ਅਤੇ ਬੀਤੇ ਕਲ੍ਹ ਸਵੇਰੇ 8 ਵਜੇ ਤੋਂ ਦੁਪਹਿਰ 3 ਵਜੇ ਤੱਕ ਸੂਬੇ ਭਰ ਦੇ ਸਾਰੇ ਪੋਲਿੰਗ ਬੂਥਾਂ 'ਤੇ ਲਗਾਏ ਗਏ । ਵੋਟਰਾਂ ਨੇ ਕੈਂਪਾਂ ਦੌਰਾਨ ਆਪਣੇ ਭਰੇ ਹੋਏ ਫਾਰਮ ਬੂਥ ਪਧਰ ਦੇ ਅਧਿਕਾਰੀਆਂ

(ਬੀ.ਐਲ.ਓਜ਼.) ਕੋਲ ਜਮ੍ਹਾਂ ਕਰਵਾਏ। ਸ੍ਰੀਮਤੀ ਮਿਤਰਾ ਨੇ ਦੱਸਿਆ ਕਿ ਘਰ-ਘਰ ਜਾ ਕੇ ਗਣਨਾ ਫਾਰਮ ਇਕੱਠੇ ਕਰਨ ਦੀ ਪ੍ਰਕਿਰਿਆ ਅਜੇ ਵੀ ਜਾਰੀ ਏ ਅਤੇ ਇਹ 24 ਜੁਲਾਈ, ਤੱਕ ਜਾਰੀ ਰਹੇਗੀ। ਉਨ੍ਹਾਂ ਅੱਗੇ ਦੱਸਿਆ ਕਿ ਪਿਛਲੇ 18 ਦਿਨਾਂ ਵਿੱਚ 1 ਕਰੋੜ 30 ਲਖ ਤੋਂ ਵੱਧ ਵੋਟਰਾਂ ਨੇ ਆਪਣੇ ਗਣਨਾ ਫਾਰਮ ਜਮ੍ਹਾਂ ਕਰਵਾ ਦਿੱਤੇ ਨੇ.

--------------------------------------------------------

ਪੰਜਾਬ ਦੇ ਕੈਬਨਿਟ ਮੰਤਰੀ ਸ੍ਰੀ ਲਾਲ ਚੰਦ ਕਟਾਰੂਚੱਕ ਨੇ ਅੱਜ ਵਿਧਾਨ ਸਭਾ ਹਲਕਾ ਭੋਆ ਦੇ ਪਿੰਡ ਕਟਾਰੂਚੱਕ ਵਿਖੇ ਇੱਕ ਵਿਸ਼ੇਸ਼ ਸਮਾਰੋਹ ‘ਚ ਜ਼ਿਲ੍ਹਾ ਪਠਾਨਕੋਟ ਦੇ ਵੱਖ-ਵੱਖ ਵਰਗਾਂ ਨਾਲ ਸਬੰਧਿਤ ਕਰੀਬ 150 ਲਾਭਪਾਤਰੀਆਂ ਨੂੰ ਨਵੇਂ ਰਾਸ਼ਨ ਡੀਪੂ ਅਲਾਟ ਕੀਤੇ . ਸਮਾਗਮ ਵਿੱਚ ਲਾਭਪਾਤਰੀਆਂ ਨੂੰ ਅਲਾਟਮੈਂਟ ਪੱਤਰ ਸੌਂਪਣ ਮੌਕੇ ਸੰਬੋਧਨ ਕਰਦਿਆਂ ਸ੍ਰੀ ਕਟਾਰੂਚੱਕ ਨੇ ਕਿਹਾ ਕਿ ਰਾਸ਼ਨ ਡੀਪੂਆਂ ਦੀ ਅਲਾਟਮੈਂਟ ਪੂਰੀ ਤਰ੍ਹਾਂ ਪਾਰਦਰਸ਼ੀ ਪ੍ਰਕਿਰਿਆ ਰਾਹੀਂ ਕੀਤੀ ਗਈ ਏ ਅਤੇ ਵੱਖ-ਵੱਖ ਵਰਗਾਂ, ਜਿਵੇਂ ਕਿ ਸਾਬਕਾ ਫੌਜੀਆਂ, ਪੱਟੀਦਰਜ ਜਾਤਾਂ, ਪਛੜੀਆਂ ਸ਼੍ਰੇਣੀਆਂ ਅਤੇ ਆਮ ਵਰਗ ਦੇ ਯੋਗ ਉਮੀਦਵਾਰਾਂ ਨੂੰ ਇਸ ਦਾ ਲਾਭ ਦਿੱਤਾ ਗਿਆ ਏ । ਉਨ੍ਹਾਂ ਕਿਹਾ ਕਿ ਇਹ ਉਪਰਾਲਾ ਨਾ ਸਿਰਫ਼ ਯੋਗ ਵਿਅਕਤੀਆਂ ਨੂੰ ਰੋਜ਼ਗਾਰ ਦੇ ਨਵੇਂ ਮੌਕੇ ਪ੍ਰਦਾਨ ਕਰੇਗਾ, ਸਗੋਂ ਜਨਤਕ ਵੰਡ ਪ੍ਰਣਾਲੀ ਨੂੰ ਹੋਰ ਮਜ਼ਬੂਤ ਅਤੇ ਪ੍ਰਭਾਵਸ਼ਾਲੀ ਬਣਾਉਣ ਵਿੱਚ ਵੀ

ਸਹਾਇਕ ਸਾਬਿਤ ਹੋਵੇਗਾ। ਉਨ੍ਹਾਂ ਨਵੇਂ ਡੀਪੂ ਹੋਲਡਰਾਂ ਨੂੰ ਅਪੀਲ ਕੀਤੀ ਕਿ ਉਹ ਲੋਕਾਂ ਨਾਲ ਚੰਗਾ ਵਤੀਰਾ ਰੱਖਣ ਅਤੇ ਸਰਕਾਰੀ ਰਾਸ਼ਨ ਯੋਜਨਾਵਾਂ ਦਾ ਲਾਭ ਪਾਰਦਰਸ਼ੀ ਢੰਗ ਨਾਲ ਹਰ ਲੋੜਵੰਦ ਪਰਿਵਾਰ ਤੱਕ ਪਹੁੰਚਾਉਣ।

--------------------------------------------------------------------

ਕੇਂਦਰੀ ਜੇਲ੍ਹ ਅੰਮ੍ਰਿਤਸਰ ਵਿਖੇ ਸਥਾਪਤ ਪੀਐਚਡੀਸੀਸੀਆਈ ਹੁਨਰ ਵਿਕਾਸ ਕੇਂਦਰ ਵਿਖੇ ਅੱਜ ਪੀਐਚਡੀ ਚੈਂਬਰ ਆਫ ਕਾਮਰਸ ਐਂਡ ਇੰਡਸਟਰੀ (ਪੀਐਚਡੀਸੀਸੀਆਈ) ਦੇ ਰੀਜਨਲ ਫੈਸ਼ਨ ਟੈਕਸ ਐਂਡ ਟੈਕ ਫੋਰਮ ਅਤੇ ਪੰਜਾਬ ਸਟੇਟ ਚੈਪਟਰ ਨੇ ਸਟੂਡੀਓ ਬਾਈ ਹਿਮਾਨੀ ਅਰੋੜਾ ਦੇ ਸਹਿਯੋਗ ਨਾਲ ਕ੍ਰਾਫਟ ਫਾਰਵਰਡ ਪਹਿਲ ਅਧੀਨ ਸਮਾਜਿਕ ਬਦਲਾਅ ਨੂੰ ਹੁਨਰ ਵਿਕਾਸ ਰਾਹੀਂ ਉਤਸ਼ਾਹਿਤ ਕਰਨ ਦੀ ਆਪਣੀ ਵਚਨਬੱਧਤਾ ਨੂੰ ਹੋਰ ਮਜ਼ਬੂਤ ਕਰਦਿਆਂ, 'ਪ੍ਰੋਜੈਕਟ ਉਡਾਣ' ਦੀ ਸ਼ੁਰੂਆਤ ਕੀਤੀ। ਸਮਾਗਮ ਦੇ ਮੁੱਖ ਮਹਿਮਾਨ ਪੰਜਾਬ ਦੇ ਰਾਜਪਾਲ ਸ੍ਰੀ ਗੁਲਾਬ ਚੰਦ ਕਟਾਰੀਆ ਸਨ. ਇਸ ਮੌਕੇ ਰਾਜਪਾਲ ਨੇ ਕੇਂਦਰੀ ਜੇਲ੍ਹ ਅੰਮ੍ਰਿਤਸਰ ਵਿਖੇ ਪੀ.ਐਚ.ਡੀ.ਸੀ.ਸੀ.ਆਈ ਹੁਨਰ ਵਿਕਾਸ ਕੇਂਦਰ ਦਾ ਰਸਮੀ ਉਦਘਾਟਨ ਕੀਤਾ ਅਤੇ ਕੇਂਦਰ ਨੂੰ ਸਿਲਾਈ ਮਸ਼ੀਨਾਂ ਭੇਟ ਕੀਤੀਆਂ। ਉਨ੍ਹਾਂ ਔਰਤ ਕੈਦੀਆਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਨੂੰ

ਸਿਖਲਾਈ ਦੇ ਮੌਕਿਆਂ ਦਾ ਪੂਰਾ ਲਾਭ ਉਠਾਉਣ ਅਤੇ ਸਵੈ-ਨਿਰਭਰ ਭਵਿੱਖ ਦੀ ਸਿਰਜਣਾ ਕਰਨ ਲਈ ਪ੍ਰੇਰਿਤ ਕੀਤਾ।

--------------------------------------------------

ਭਾਰਤ-ਪਾਕਿਸਤਾਨ ਵਿਚਕਾਰ 1971ਦੀ  ਜੰਗ ਦੌਰਾਨ ਦੇਸ਼ ਦੀ ਰੱਖਿਆ ਕਰਦਿਆਂ ਸਰ੍ਵਉਚ ਕੁਰਬਾਨੀ ਦੇਣ ਵਾਲੇ ਬਹਾਦਰ ਫੌਜੀਆਂ ਨੂੰ ਸ਼ਰਧਾਂਜਲੀ ਭੇਟ ਕਰਨ ਲਈ ਭਾਰਤੀ ਫੌਜ ਦੀ ਵਜ੍ਰ ਕੋਰ ਦੇ ਸਹਿਯੋਗ ਨਾਲ ਅੱਜ ਅੰਮ੍ਰਿਤਸਰ motorcycle ਰਾਈਡਰਜ਼ ਸਮੂਹ ਨੇ ਕੰਪਨੀ ਬਾਗ, ਅੰਮ੍ਰਿਤਸਰ ਤੋਂ ਪੁਲ ਮੋਰਾਂ ਜੰਗੀ ਯਾਦਗਾਰ ਤੱਕ ਇੱਕ ਯਾਦਗਾਰੀ ਬਾਈਕ ਰੈਲੀ ਕਰਾਈ ਜੋ ਪੁਲ ਮੋਰਾਂ ਦੀ ਲੜਾਈ ਦੇ ਸ਼ਹੀਦ ਸੂਰਮਿਆਂ ਦੀ ਬਹਾਦਰੀ ਅਤੇ ਕੁਰਬਾਨੀ ਨੂੰ ਸਮਰਪਿਤ ਸੀ । ਇਸ ਮੌਕੇ ਵੱਡੀ ਗਿਣਤੀ ਵਿੱਚ ਨੌਜਵਾਨਾਂ ਅਤੇ ਭਾਰਤੀ ਫੌਜ ਦੇ ਜਵਾਨਾਂ ਨੇ ਸ਼ਮੂਲੀਅਤ ਕਰਕੇ ਅਟਾਰੀ ਸਰਹੱਦ ਤੋਂ ਹੁੰਦੇ ਹੋਏ ਪੁਲ ਮੋਰਾਂ ਜੰਗੀ ਯਾਦਗਾਰ ਤੱਕ ਦਾ ਸਫ਼ਰ ਤੈਅ ਕੀਤੇ ਤੇ ਦੇਸ਼ਭਗਤੀ ਅਤੇ ਰਾਸ਼ਟਰੀ ਏਕਤਾ ਦਾ ਸੰਦੇਸ਼ ਦਿੱਤਾ। ਰੈਲੀ ਦੌਰਾਨ 1971 ਦੀ ਜੰਗ ਦੌਰਾਨ ਲਾ – ਮਿਸਾਲ ਬਹਾਦਰੀ ਦਾ ਵਿਖਾਲਾ ਕਰਨ ਵਾਲੇ 2 ਸਿੱਖ ਰੈਜੀਮੈਂਟ ਦੇ ਬਹਾਦਰ ਜਵਾਨਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ ।

--------------------------------------------------

ਮੌਸਮ ਵਿਭਾਗ ਨੇ ਅਗਲੇ ਚਾਰ ਦਿਨਾਂ ਤੱਕ ਦੇਸ਼ ਦੇ ਉੱਤਰੀ ਅਤੇ ਪੂਰਬੀ ਹਿੱਸਿਆਂ ਵਿੱਚ ਭਾਰੀ ਬਾਰਿਸ਼ ਦੀ ਪੇਸ਼ੀਨਗੋਈ ਕੀਤੀ ਏ. ਇਨ੍ਹਾਂ ਵਿੱਚ ਪੰਜਾਬ, ਹਰਿਆਣਾ, ਚੰਡੀਗੜ੍ਹ, ਹਿਮਾਚਲ ਪ੍ਰਦੇਸ਼, ਜੰਮੂ-ਕਸ਼ਮੀਰ, ਲੱਦਾਖ, ਤੇ ਉਤਰਾਖੰਡ, ਦੇ ਨਾਲ – ਨਾਲ ਉੱਤਰੀ ਤੇ ਪੂਰਬੀ ਭਾਰਤ ਦੇ ਹੋਰ ਹਿੱਸੇ ਸ਼ਾਮਿਲ ਨੇ | ਇਸ ਦੌਰਾਨ ਅੱਜ ਪੰਜਾਬ 'ਚ ਬਠਿੰਡਾ ਵਿਖੇ ਵੱਧ ਤੋਂ ਵੱਧ ਤਾਪਮਾਨ 36.1 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ ਜਦਕਿ ਹਰਿਆਣਾ ਦਾ ਭਿਵਾਨੀ 39 ਡਿਗਰੀ ਸੈਲਸੀਅਸ ਨਾਲ ਸੂਬੇ ਦਾ ਸਭ ਤੋਂ ਗਰਮ ਸਥਾਨ ਰਿਹਾ |

---------------------------------------------------

- ਕੇਂਦਰੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਦਾ ਕਹਿਣਾ ਏ ਕਿ ਚੁਗਿਰਦੇ ਦੀ ਰੱਖਿਆ ਅਤੇ ਇੱਕ ਨਿਰੰਤਰ ਰਹਿਣ ਯੋਗ ਭਵਿੱਖ ਨੂੰ ਯਕੀਨੀ ਬਣਾਉਣ ਲਈ ਰੁੱਖ ਲਾਉਣਾ ਬੇਹਦ ਮਹੱਤਵਪੂਰਨ ਏ.

- ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਕਿਹਾ ਏ ਕਿ ਸਿੱਖਿਆ ਦਾ ਅਸਲ ਉਦੇਸ਼, ਰਾਸ਼ਟਰ ਦੇ ਵਿਕਾਸ ਵਿੱਚ ਸਰਗਰਮ ਯੋਗਦਾਨ ਪਾਉਣ ਵਾਲੇ ਨਾਗਰਿਕ ਤਿਆਰ ਕਰਨਾ ਏ। ਓਹਨਾਂ ਅੱਜ ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ

ਦੀ 51ਵੀਂ ਕਨਵੋਕੇਸ਼ਨ ਵਿਚ 456 ਵਿਦਿਆਰਥੀਆਂ ਨੂੰ ਡਿਗਰੀਆਂ ਪ੍ਰਦਾਨ ਕੀਤੀਆਂ.

- ਪੰਜਾਬ ‘ਚ SIR ਪ੍ਰਕਿਰਿਆ ਦੇ ਹਿੱਸੇ ਵਜੋਂ, ਸੂਬੇ ਭਰ ਦੇ ਵੋਟ ਕੇਂਦਰਾਂ 'ਤੇ ਲਾਏ ਗਏ ਦੋ ਰੋਜ਼ਾ ਵਿਸ਼ੇਸ਼ ਕੈਂਪਾਂ ਦੌਰਾਨ 30 ਲੱਖ ਤੋਂ ਵੱਧ ਵੋਟਰਾਂ ਨੇ ਆਪਣੇ ਗਣਨਾ ਫਾਰਮ ਭਰੇ.

- ਪੰਜਾਬ ਦੇ ਕੈਬਨਿਟ ਮੰਤਰੀ ਸ੍ਰੀ ਲਾਲ ਚੰਦ ਕਟਾਰੂਚੱਕ ਨੇ ਇੱਕ ਵਿਸ਼ੇਸ਼ ਸਮਾਰੋਹ ‘ਚ ਜ਼ਿਲ੍ਹਾ ਪਠਾਨਕੋਟ ਦੇ ਵੱਖ-ਵੱਖ ਵਰਗਾਂ ਨਾਲ ਸਬੰਧਿਤ ਕਰੀਬ 150 ਲਾਭਪਾਤਰੀਆਂ ਨੂੰ ਨਵੇਂ ਰਾਸ਼ਨ ਡੀਪੂ ਅਲਾਟ ਕੀਤੇ .

- ਮੌਸਮ ਵਿਭਾਗ ਨੇ ਅਗਲੇ ਚਾਰ ਦਿਨਾਂ ਤੱਕ ਪੰਜਾਬ ਸਮੇਤ ਦੇਸ਼ ਦੇ ਉੱਤਰੀ ਹਿੱਸਿਆਂ ਵਿੱਚ ਬਾਰਿਸ਼ ਦੀ ਪੇਸ਼ੀਨਗੋਈ ਕੀਤੀ ਏ.

---

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !**